**ਰਾਮਕਲੀ ਮਹਲਾ ੫ ॥ ਜੀਅ ਜੰਤ ਸਭਿ ਪੇਖੀਅਹਿ ਪ੍ਰਭ ਸਗਲ ਤੁਮਾਰੀ ਧਾਰਨਾ ॥੧॥ ਇਹੁ ਮਨੁ ਹਰਿ ਕੈ ਨਾਮਿ ਉਧਾਰਨਾ ॥ ੧॥ ਰਹਾਉ ॥ ਖਿਨ ਮਹਿ ਥਾਪਿ ਉਥਾਪੇ ਕੁਦਰਤਿ ਸਭਿ ਕਰਤੇ ਕੇ ਕਾਰਨਾ ॥੨॥ ਕਾਮੁ ਕ੍ਰੋਧੁ ਲੋਭੁ ਝੂਠੁ ਨਿੰਦਾ ਸਾਧੂ ਸੰਗਿ ਬਿਦਾਰਨਾ ॥੩॥ ਨਾਮੁ ਜਪਤ ਮਨੁ ਨਿਰਮਲ ਹੋਵੈ ਸੂਖੇ ਸੂਖਿ ਗੁਦਾਰਨਾ ॥੪॥ ਭਗਤ ਸਰਣਿ ਜੋ ਆਵੈ ਪ੍ਰਾਣੀ ਤਿਸੁ ਈਹਾ ਊਹਾ ਨ ਹਾਰਨਾ ॥੫॥ ਸੂਖ ਦੂਖ ਇਸੁ ਮਨ ਕੀ ਬਿਰਥਾ ਤੁਮ ਹੀ ਆਗੈ ਸਾਰਨਾ ॥੬॥ ਤੂ ਦਾਤਾ ਸਭਨਾ ਜੀਆ ਕਾ ਆਪਨ ਕੀਆ ਪਾਲਨਾ ॥੭॥ ਅਨਿਕ ਬਾਰ ਕੋਟਿ ਜਨ ਊਪਰਿ ਨਾਨਕੁ ਵੰਞੈ ਵਾਰਨਾ ॥੮॥੫॥** {ਪੰਨਾ 915}

ਪਦਅਰਥ:- ਸਭਿ—ਸਾਰੇ। ਪੇਖੀਅਹਿ—ਵੇਖੇ ਜਾ ਰਹੇ ਹਨ {ਕਰਮ ਵਾਚ, ਵਰਤਮਾਨ ਕਾਲ, ਬਹੁ-ਵਚਨ, ਅੰਨ ਪੁਰਖ}। ਪ੍ਰਭ—ਹੇ ਪ੍ਰਭੂ! ਧਾਰਨਾ—ਆਸਰਾ।1।

ਹਰਿ ਕੈ ਨਾਮ—ਪਰਮਾਤਮਾ ਦੇ ਨਾਮ ਦੀ ਰਾਹੀਂ। ਉਧਾਰਨਾ—ਪਾਰ-ਉਤਾਰਾ, ਨਿਸਤਾਰਾ।1। ਰਹਾਉ।

ਥਾਪਿ—ਬਣਾ ਕੇ। ਉਥਾਪੇ—ਨਾਸ ਕਰਦਾ ਹੈ। ਕੁਦਰਤਿ—ਰਚਨਾ। ਕਰਤੇ ਕੇ—ਕਰਤਾਰ ਦੇ। ਕਾਰਨਾ—ਢੰਗ।2।

ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ। ਬਿਦਾਰਨਾ—ਨਾਸ ਕੀਤੇ ਜਾ ਸਕਦੇ ਹਨ।3।

ਜਪਤ—ਜਪਦਿਆਂ। ਸੂਖੇ ਸੂਖਿ—ਸੁਖ ਵਿਚ ਹੀ ਸੁਖ ਵਿਚ ਹੀ। ਗੁਦਾਰਨਾ—ਗੁਜ਼ਾਰਨਾ, ਗੁਜ਼ਾਰੀ ਜਾ ਸਕਦੀ ਹੈ {'ਜ਼' ਦੇ ਥਾਂ 'ਦ' ਦੀ ਵਰਤੋਂ ਹੋਰ ਭੀ ਕਈ ਥਾਈਂ ਹੈ—ਕਾਜ਼ੀ, ਕਾਦੀ; ਕਾਗ਼ਜ਼, ਕਾਗ਼ਦ। ਅਰਬੀ ਵਿਚ ਭੀ ਇਹ ਵਰਤੋਂ ਮਿਲਦੀ ਹੈ—'ਜ਼ੁਆਦ' ਨੂੰ 'ਦੁਆਦ' ਪੜ੍ਹਨਾ।4।

ਈਹਾ—ਇਸ ਲੋਕ ਵਿਚ। ਊਹਾ—ਪਰਲੋਕ ਵਿਚ।5।

ਬਿਰਥਾ—{ÒXQw}, ਦੁੱਖ, ਫ਼ਰਿਆਦ। ਸਾਰਨਾ—ਗੁਜ਼ਾਰੀ ਜਾ ਸਕਦੀ ਹੈ।6।

ਕੀਆ—ਕੀਤਾ ਹੋਇਆ, ਪੈਦਾ ਕੀਤਾ ਹੋਇਆ ਜਗਤ।7।

ਅਨਿਕ ਬਾਰ ਕੋਟਿ—ਅਨੇਕਾਂ ਵਾਰੀ, ਕ੍ਰੋੜਾਂ ਵਾਰੀ। ਵੰਞੈ ਵਾਰਨਾ—ਸਦਕੇ ਜਾਂਦਾ ਹੈ। ਨਾਨਕੁ—{ਕਰਤਾ ਕਾਰਕ, ਇਕ-ਵਚਨ}। ਨਾਨਕੁ ਵੰਞੈ—ਨਾਨਕ ਜਾਂਦਾ ਹੈ।8।

ਅਰਥ:- (ਹੇ ਭਾਈ! ਕਾਮ ਕ੍ਰੋਧ ਲੋਭ ਝੂਠ ਨਿੰਦਾ ਆਦਿਕ ਤੋਂ) ਇਸ ਮਨ ਨੂੰ ਪਰਮਾਤਮਾ ਦੇ ਨਾਮ ਦੀ ਰਾਹੀਂ ਹੀ ਬਚਾਇਆ ਜਾ ਸਕਦਾ ਹੈ।1। ਰਹਾਉ।

ਹੇ ਭਾਈ! ਇਹ ਸਾਰੇ ਜੀਵ ਜੰਤ ਜੋ ਦਿੱਸ ਰਹੇ ਹਨ, ਇਹ ਸਾਰੇ ਤੇਰੇ ਹੀ ਆਸਰੇ ਹਨ।1।

ਹੇ ਭਾਈ! ਪਰਮਾਤਮਾ ਇਸ ਰਚਨਾ ਨੂੰ ਇਕ ਖਿਨ ਵਿਚ ਪੈਦਾ ਕਰ ਕੇ ਫਿਰ ਨਾਸ ਭੀ ਕਰ ਸਕਦਾ ਹੈ। ਇਹ ਸਾਰੇ ਕਰਤਾਰ ਦੇ ਹੀ ਖੇਲ ਹਨ।2।

ਹੇ ਭਾਈ! ਕਾਮ ਕ੍ਰੋਧ ਲੋਭ ਝੂਠ ਨਿੰਦਾ ਆਦਿਕ ਵਿਕਾਰ ਨੂੰ ਗੁਰੂ ਦੀ ਸੰਗਤਿ ਵਿਚ ਰਹਿ ਕੇ (ਆਪਣੇ ਮਨ ਵਿਚੋਂ ਚੀਰ ਫਾੜ ਕੇ) ਦੂਰ ਕਰ ਸਕੀਦਾ ਹੈ।3।

ਹੇ ਭਾਈ! ਪਰਮਾਤਮਾ ਦਾ ਨਾਮ ਜਪਦਿਆਂ (ਮਨੁੱਖ ਦਾ) ਮਨ ਪਵਿੱਤਰ ਹੋ ਜਾਂਦਾ ਹੈ। (ਮਨੁੱਖ ਦੀ ਉਮਰ) ਨਿਰੋਲ ਆਤਮਕ ਆਨੰਦ ਵਿਚ ਹੀ ਬੀਤਦੀ ਹੈ।4।

ਹੇ ਭਾਈ! ਜਿਹੜਾ ਮਨੁੱਖ ਪਰਮਾਤਮਾ ਦੀ ਬੰਦਗੀ ਕਰਨ ਵਾਲੇ ਬੰਦਿਆਂ ਦੀ ਸਰਨ ਆਉਂਦਾ ਹੈ, ਉਹ ਮਨੁੱਖ ਇਸ ਲੋਕ ਵਿਚ ਤੇ ਪਰਲੋਕ ਵਿਚ ਭੀ (ਵਿਕਾਰਾਂ ਦੇ ਹੱਥੋਂ ਆਪਣੀ ਮਨੁੱਖਾ ਜੀਵਨ ਦੀ ਬਾਜ਼ੀ) ਹਾਰਦਾ ਨਹੀਂ।5।

ਹੇ ਭਾਈ! ਇਸ ਮਨ ਦੀ ਸੁਖਾਂ ਦੀ ਮੰਗ ਅਤੇ ਦੁੱਖਾਂ ਵਲੋਂ ਪੁਕਾਰ ਤੇਰੇ ਅੱਗੇ ਹੀ ਕੀਤੀ ਜਾ ਸਕਦੀ ਹੈ।6।

ਹੇ ਪ੍ਰਭੂ! ਤੂੰ ਸਾਰੇ ਜੀਵਾਂ ਨੂੰ ਹੀ ਦਾਤਾਂ ਦੇਣ ਵਾਲਾ ਹੈਂ, ਆਪਣੇ ਪੈਦਾ ਕੀਤੇ ਜੀਵਾਂ ਨੂੰ ਤੂੰ ਆਪ ਹੀ ਪਾਲਣ ਵਾਲਾ ਹੈਂ।7।

ਹੇ ਪ੍ਰਭੂ! (ਤੇਰਾ ਦਾਸ) ਨਾਨਕ ਤੇਰੇ ਭਗਤਾਂ (ਦੇ ਚਰਨਾਂ) ਤੋਂ ਅਨੇਕਾਂ ਵਾਰੀ ਕ੍ਰੋੜਾਂ ਵਾਰੀ ਸਦਕੇ ਜਾਂਦਾ ਹੈ।8।5।